# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

## ਮਿਤੀ :06-04-2026

ਸੀਨੀਅਰ ਬੀ.ਜੇ.ਪੀ. ਨੇਤਾ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਕੇਂਦਰੀ ਮੰਤਰੀ ਅਮਿਤ ਸ਼ਾਹ,  ਭਾਜਪਾ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਤੇ ਹੋਰਨਾਂ ਨੇਤਾਵਾਂ ਨੇ ਭਾਰਤੀ ਜਨਤਾ ਪਾਰਟੀ ਦੇ 47ਵੇਂ ਸਥਾਪਨਾ ਦਿਵਸ ਮੌਕੇ ਸ਼ੁਭਕਾਮਨਾਵਾਂ ਦਿੱਤੀਆਂ ਨੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਪਾਰਟੀ ਹਮੇਸ਼ਾਂ ਭਾਰਤ ਪਹਿਲਾਂ ਦੇ ਸਿਧਾਂਤ ਤੋਂ ਪ੍ਰੇਰਿਤ ਹੋ ਕੇ ਸਮਾਜ ਦੀ ਸੇਵਾ ਵਿੱਚ ਅੱਗੇ ਰਹੀ ਏ। ਸ਼੍ਰੀ ਮੋਦੀ ਨੇ ਉਨ੍ਹਾਂ ਅਣਗਿਣਤ ਪਾਰਟੀ ਵਰਕਰਾਂ ਨੂੰ  ਵੀ ਯਾਦ ਕੀਤਾ, ਜਿਨ੍ਹਾਂ ਦੇ ਸਮਰਪਣ ਤੇ ਕੁਰਬਾਨੀਆਂ ਨੇ ਦਹਾਕਿਆਂ ਦੌਰਾਨ ਪਾਰਟੀ ਦੇ ਵਿਕਾਸ ਨੂੰ ਆਕਾਰ ਦਿੱਤਾ ਏ। ਇਸ ਦੌਰਾਨ ਬੀ.ਜੇ.ਪੀ. ਦੇ ਰਾਸ਼ਟਰੀ ਪ੍ਰਧਾਨ ਸ਼੍ਰੀ ਨਿਤਿਨ ਨਬੀਨ ਨੇ ਰਾਸ਼ਟਰ ਪਹਿਲਾਂ ਦੇ ਸਿਧਾਂਤ ਪ੍ਰਤੀ ਪਾਰਟੀ ਦੀ ਵਚਨਬੱਧਤਾ ਨੂੰ ਦੁਹਰਾਇਆ ਅਤੇ ਸਭ ਨੂੰ ਅਪੀਲ ਕੀਤੀ ਕਿ ਵਿਕਸਿਤ ਭਾਰਤ ਦੇ ਨਿਰਮਾਣ ਲਈ ਪੂਰੀ ਊਰਜਾ ਨਾਲ ਇਕੱਠੇ ਹੋ ਕੇ ਕੰਮ ਕਰਨ।

ਇਸ ਦੌਰਾਨ ਪੰਜਾਬ ਭਾਜਪਾ ਨੇ ਵੀ ਆਪਣੇ ਚੰਡੀਗੜ੍ਹ ਸਥਿਤ ਦਫ਼ਤਰ ਵਿਚ ਸਥਾਪਨਾ ਦਿਵਸ ਮਨਾਇਆ। ਇਸ ਦੌਰਾਨ ਵੰਦੇ ਮਾਤਰਮ ਦੇ ਗਾਇਨ ਨਾਲ ਪਾਰਟੀ ਦਾ ਝੰਡਾ ਲਹਿਰਾਉਣ ਦੀ ਰਸਮ ਨਿਭਾਈ ਗਈ। ਇਸ ਮੌਕੇ ਬੀ.ਜੇ.ਪੀ. ਦੇ ਪੰਜਾਬ ਪ੍ਰਧਾਨ ਸੁਨੀਲ ਜਾਖੜ, ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਤੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਸਮੇਤ ਕਈ ਕਾਰਜਕਰਤਾਵਾਂ ਨੇ ਹਿੱਸਾ ਲਿਆ।

---------------------------------------------------------

ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿਚ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਵਿੱਚ ਵੱਡੀ ਗਿਣਤੀ ਵਿਚ ਸੰਗਤ ਨੇ ਸ਼ਮੂਲੀਅਤ ਕੀਤੀ। ਨਗਰ ਕੀਰਤਨ ਦੀ ਆਰੰਭਤਾ ਮੌਕੇ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਨੇ ਇਲਾਹੀ ਬਾਣੀ ਦਾ ਕੀਰਤਨ ਕੀਤਾ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਰਵਾਨਾ ਹੋ ਕੇ ਨਗਰ ਕੀਰਤਨ ਸ੍ਰੀ ਦਰਬਾਰ ਸਾਹਿਬ ਦੀ ਪਰਿਕਰਮਾ ਰਾਹੀਂ ਹੁੰਦਾ ਹੋਇਆ, ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਵੱਲ ਵਧਿਆ। ਰਸਤੇ ਵਿੱਚ ਸੰਗਤ ਨੇ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ।

-------------------------------------------------------

ਪੰਜਾਬ ਵਿਚ ਬੇਮੌਸਮੀ ਬਰਸਾਤ ਤੇ ਕੁਝ ਥਾਵਾਂ ਉੱਤੇ ਗੜੇਮਾਰੀ ਹੋਣ

ਨਾਲ ਫ਼ਸਲਾਂ ਦੇ ਹੋਏ ਨੁਕਸਾਨ ਦੀ ਗਿਰਦਾਵਰੀ ਕਰਨ ਦੇ ਹੁਕਮ ਦੇ ਦਿੱਤੇ ਗਏ ਨੇ। ਅੱਜ ਚੰਡੀਗੜ੍ਹ ਵਿਚ ਇਕ ਪ੍ਰੈੱਸ ਕਾਨਫਰੰਸ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨੁਕਸਾਨੀ ਗਈ ਫ਼ਸਲ ਦਾ ਢੁਕਵਾਂ ਮੁਆਵਜ਼ਾ  ਦਿੱਤਾ ਜਾਵੇਗਾ। ਬੀਤੇ ਦਿਨੀਂ ਬਠਿੰਡਾ ਦੇ ਇਕ ਪਿੰਡ ਵਿਚ ਪੁਲਿਸ ਮੁਲਾਜ਼ਮਾਂ ਵੱਲੋਂ ਨਸ਼ਿਆਂ ਦੇ ਮਾਮਲੇ ਵਿਚ ਕੋਈ ਕਾਰਵਾਈ ਨਾ ਕੀਤੇ ਜਾਣ ਉੱਤੇ ਉਨ੍ਹਾਂ ਦਾ ਤਬਾਦਲਾ ਮਾਨਸਾ ਵਿੱਚ ਕੀਤੇ ਜਾਣ ਬਾਰੇ ਮੁੱਖ ਮੰਤਰੀ ਨੇ ਦੱਸਿਆ ਕਿ ਇਸ ਬਾਰੇ ਇਕ ਸਰਪੰਚ ਨੇ ਦੱਸਿਆ ਸੀ ਕਿ ਇਹ ਪੁਲਿਸ ਮੁਲਾਜ਼ਮ ਨਸ਼ਿਆਂ ਖਿਲਾਫ਼ ਕੋਈ ਕਾਰਵਾਈ ਨਹੀਂ ਕਰ ਰਹੇ। ਇਸ ਕਾਰਨ ਇਨ੍ਹਾਂ  ਦੀ ਬਦਲੀ, ਫੌਰੀ ਤੌਰ ਉੱਤੇ ਕਰ ਦਿੱਤੀ ਗਈ ਏ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਜੰਗ ਵਿਚ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ।   ਸੁਲਤਾਨਪੁਰ ਲੋਧੀ ਵਿੱਚ ਇਕ ਪਰਿਵਾਰ ਦੇ 4 ਨੌਜਵਾਨਾਂ ਦੀ ਨਸ਼ਾਖੋਰੀ ਨਾਲ ਮੌਤ ਹੋਣ ਬਾਰੇ ਅਤੇ ਪੰਜਵੇਂ ਪੁੱਤਰ ਦੇ ਹਸਪਤਾਲ ਵਿਚ ਚੱਲ ਰਹੇ ਇਲਾਜ ਬਾਰੇ ਪੁੱਛੇ ਸਵਾਲ ਦੇ ਜਵਾਬ ਵਿੱਚ ਸ਼੍ਰੀ ਮਾਨ ਨੇ ਕਿਹਾ ਕਿ ਉਹ ਇਸ ਨੌਜਵਾਨ ਦੇ ਇਲਾਜ ਲਈ ਕੋਈ ਕਸਰ ਨਹੀਂ ਛੱਡਣਗੇ। ਉਨ੍ਹਾਂ ਨੇ ਕਿਸਾਨਾਂ ਤੇ ਹੋਰ ਨਾਗਰਿਕਾਂ ਨੂੰ ਪਾਣੀ ਦੀ ਘੱਟ ਤੋਂ ਘੱਟ ਵਰਤੋਂ ਦੀ ਅਪੀਲ ਕੀਤੀ ਤਾਂ ਜੋ ਧਰਤੀ ਹੇਠਲੇ ਪਾਣੀ ਦੇ ਡਿੱਗ ਰਹੇ ਪੱਧਰ ਨੂੰ ਉੱਚਾ ਚੁੱਕਿਆ ਜਾ ਸਕੇ।

-----------------------------------------------------------

ਹੁਸ਼ਿਆਰਪੁਰ ਲੋਕ ਸਭਾ ਹਲਕੇ ਤੋਂ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਏ ਕਿ ਫਗਵਾੜਾ ਵਿਧਾਨ ਸਭਾ ਹਲਕੇ ਦੀਆਂ ਸੜਕਾਂ ਬਣਾਉਣ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਏ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਤਹਿਤ ਫਗਵਾੜਾ ਇਲਾਕੇ ਦੀਆਂ ਸੜਕਾਂ ਦਾ ਮੁੜ ਨਿਰਮਾਣ ਕੀਤਾ ਜਾਵੇਗਾ ਤੇ ਲੋਕਾਂ ਦੀ ਚਿਰੋਕਣੀ ਮੰਗ ਮੁਤਾਬਕ ਸ਼ੂਗਰ ਮਿੱਲ ਓਵਰਬ੍ਰਿਜ ਥੱਲੇ ਵਾਲੀਆਂ ਸੜਕਾਂ ਬਣਾਈਆਂ ਜਾਣਗੀਆਂ। ਸੰਸਦ ਮੈਂਬਰ ਨੇ ਦੱਸਿਆ ਕਿ ਇਨ੍ਹਾਂ ਸੜਕਾਂ ਨੂੰ ਗੁਣਵੱਤਾ ਵਾਲੀਆਂ ਬਣਾਇਆ ਜਾਵੇਗਾ, ਜਿਨ੍ਹਾਂ ਦੀ ਚੌੜਾਈ 33 ਫੁੱਟ ਹੋਵੇਗੀ। ਉਨ੍ਹਾਂ ਦੱਸਿਆ ਕਿ ਸੜਕਾਂ ਬਣਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਉਣ ਤੋਂ ਬਾਅਦ ਉਨ੍ਹਾਂ ਨੇ ਖੁਦ ਨਿਰਮਾਣ ਸਮੱਗਰੀ ਦੇ ਮਿਆਰ ਦੀ ਜਾਂਚ ਕੀਤੀ ਏ।

-----------------------------------------------------------

ਜ਼ਿਲ੍ਹਾ ਫਿਰੋਜ਼ਪੁਰ ਦੇ ਬਲਾਕ ਮੱਖੂ ਦੀਆਂ ਆਂਗਨਵਾੜੀ ਵਰਕਰਾਂ ਦੀ ਤਿੰਨ ਰੋਜ਼ਾ ਸਿਖਲਾਈ ਕਰਵਾਈ ਗਈ ਏ। ਇਸ ਬਾਰੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਰਿਚਿਕਾ ਨੰਦਾ ਨੇ ਦੱਸਿਆ ਕਿ ਪੋਸ਼ਣ ਵੀ ਪੜ੍ਹਾਈ ਵੀ ਮੁਹਿੰਮ ਤਹਿਤ ਇਹ ਸਿਖਲਾਈ ਕਰਵਾਈ ਗਈ । ਇਸ ਦੌਰਾਨ ਆਂਗਨਵਾੜੀ ਵਰਕਰਾਂ ਨੂੰ 3 ਤੋਂ 6 ਸਾਲ ਦੇ ਬੱਚਿਆਂ ਨੂੰ ਭਾਸ਼ਾ ਵਿਕਾਸ, ਬੋਧਿਕ ਵਿਕਾਸ, ਰਚਨਾਤਮਕ ਵਿਕਾਸ, ਸਰੀਰਕ ਵਿਕਾਸ ਅਤੇ

ਸੱਭਿਆਚਾਰਕ ਵਿਕਾਸ ਨਾਲ ਸਬੰਧਤ ਗਤੀਵਿਧੀਆਂ ਕਰਵਾਈਆਂ ਗਈਆਂ।

---------------------------------------------------------

ਤਲਵੰਡੀ ਸਾਬੋ ਤੋਂ ਵਿਧਾਇਕ ਪ੍ਰੋ. ਬਲਜਿੰਦਰ ਕੌਰ ਨੇ ਕੱਲ੍ਹ ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ। ਇਸ ਦੌਰਾਨ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨੂੰ ਸਿਹਤ, ਸਿੱਖਿਆ ਤੋਂ ਇਲਾਵਾ ਹੋਰ ਬੁਨਿਆਦੀ ਤੇ ਸਮਾਂਬੱਧ ਸਹੂਲਤਾਂ ਦੇਣ ਲਈ ਵਚਨਬੱਧ ਏ। ਉਨ੍ਹਾਂ ਨੇ ਪਿੰਡ ਮੈਨੂੰਆਣਾ, ਮਿਰਜ਼ੇਆਣਾ, ਗਹਿਲੇਵਾਲਾ, ਰਾਈਆਂ ਅਤੇ ਗੋਲੇਵਾਲਾ ਵਿਚ ਕਿਹਾ ਕਿ ਪਿੰਡਾਂ ਵਿੱਚ ਆਧੁਨਿਕ ਸਹੂਲਤਾਂ ਵਾਲੇ ਖੇਡ ਮੈਦਾਨ ਬਣਾਏ ਜਾ ਰਹੇ ਨੇ ਤਾਂ ਕਿ ਵੱਧ ਤੋਂ ਵੱਧ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਦਿਆਂ ਨਸ਼ਿਆਂ ਦੀ ਆਦਤ ਤੋਂ ਦੂਰ ਰੱਖਿਆ ਜਾ ਸਕੇ। ਇਸ ਤੋਂ ਇਲਾਵਾ ਮੁਫ਼ਤ ਤੀਰਥ ਯਾਤਰਾ ਯੋਜਨਾ ਤਹਿਤ ਸੂਬੇ ਦੇ 50 ਸਾਲ ਤੋਂ ਵੱਧ ਉਮਰ ਦੇ ਸਾਰੇ ਵਸਨੀਕਾਂ ਲਈ ਏ.ਸੀ. ਬੱਸ ਸਫ਼ਰ, ਰਹਿਣ-ਸਹਿਣ ਅਤੇ ਮੁਫ਼ਤ ਭੋਜਨ ਮੁਹੱਈਆ ਕਰਵਾ ਕੇ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਨੇ।

------------------------------------------------------------